ਵਰਲਡ ਪੰਜਾਬੀ ਟਾਈਮਜ਼
WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162

Epaper World Punjabi Times | 20 ਦਸੰਬਰ 2025 ਦਿਨ ਸ਼ਨੀਵਾਰ | ਈ-ਪੇਪਰ ਵਰਲਡ ਪੰਜਾਬੀ ਟਾਈਮਜ਼

ਐਸਸੀ/ਐਸਟੀ ਕਮਿਸ਼ਨ ਦੇ ਮੈਂਬਰ ਰਮੇਸ਼ ਚੰਦ ਕੁੰਡੇ ਨੇ ਆਪਣੇ ਨਾਲ ਹੋਏ ਕਥਿਤ ਅਪਮਾਨ ਦੇ ਗੰਭੀਰ ਦੋਸ਼ ਲਗਾਏ

ਵਰਲਡ ਪੰਜਾਬੀ ਟਾਈਮਜ਼

ਕਾਨਪੁਰ 20 ਦਸੰਬਰ : ਉੱਤਰ ਪ੍ਰਦੇਸ਼ ਦੇ ਐਸਸੀ/ਐਸਟੀ ਕਮਿਸ਼ਨ ਦੇ ਮੈਂਬਰ ਰਮੇਸ਼ ਚੰਦ ਕੁੰਡੇ ਨੇ ਕਾਨਪੁਰ ਨਗਰ ਨਿਗਮ ਵਿੱਚ ਆਪਣੇ ਨਾਲ ਹੋਏ ਕਥਿਤ ਅਪਮਾਨ ਦੇ ਗੰਭੀਰ ਦੋਸ਼ ਲਗਾਏ ਹਨ। ਮੰਗਲਵਾਰ ਨੂੰ ਉਹ ਨਗਰ ਨਿਗਮ ਅਧਿਕਾਰੀਆਂ ਨਾਲ ਮੀਟਿੰਗ ਲਈ ਕਾਨਪੁਰ ਪਹੁੰਚੇ ਸਨ, ਪਰ ਉਨ੍ਹਾਂ ਦਾ ਦੋਸ਼ ਹੈ ਕਿ ਜਦੋਂ ਉਹ ਨਗਰ ਨਿਗਮ ਪਹੁੰਚੇ ਤਾਂ ਕੋਈ ਵੀ ਅਧਿਕਾਰੀ ਜਾਂ ਜਨ ਪ੍ਰਤੀਨਿਧੀ ਉਨ੍ਹਾਂ ਦਾ ਸਵਾਗਤ ਕਰਨ ਨਹੀਂ ਆਇਆ।

ਰਮੇਸ਼ ਚੰਦ ਕੁੰਡੇ ਨੇ ਕਿਹਾ ਕਿ ਉਨ੍ਹਾਂ ਨੂੰ ਨਾ ਤਾਂ ਬੈਠਣ ਲਈ ਸਨਮਾਨਜਨਕ ਪ੍ਰਬੰਧ ਮਿਲੇ ਅਤੇ ਨਾ ਹੀ ਪਾਣੀ ਦਿੱਤਾ ਗਿਆ । ਉਨ੍ਹਾਂ ਦੋਸ਼ ਲਗਾਇਆ ਕਿ ਇਹ ਵਿਵਹਾਰ ਉਨ੍ਹਾਂ ਦੇ ਵਾਲਮੀਕੀ ਭਾਈਚਾਰੇ ਕਾਰਨ ਹੋਇਆ। ਕੁੰਡੇ ਨੇ ਸਿੱਧੇ ਤੌਰ 'ਤੇ ਮੇਅਰ 'ਤੇ ਅਪਮਾਨ ਕਰਨ ਦਾ ਦੋਸ਼ ਲਗਾਇਆ, ਇਹ ਨਾ ਸਿਰਫ਼ ਉਨ੍ਹਾਂ ਦਾ, ਸਗੋਂ ਪੂਰੇ ਸਮਾਜ ਦਾ ਅਪਮਾਨ ਹੈ।

ਮਾਮਲਾ ਸਾਹਮਣੇ ਆਉਣ ਤੋਂ ਬਾਅਦ ਰਾਜਨੀਤਿਕ ਅਤੇ ਪ੍ਰਸ਼ਾਸਨਿਕ ਹਲਕਿਆਂ ਵਿੱਚ ਹੰਗਾਮਾ ਮਚ ਗਿਆ ਹੈ। ਕਮਿਸ਼ਨ ਮੈਂਬਰ ਨੇ ਪੂਰੇ ਘਟਨਾਕ੍ਰਮ ਦੀ ਸ਼ਿਕਾਇਤ ਦਰਜ ਕਰਨ ਅਤੇ ਕਾਰਵਾਈ ਕਰਨ ਬਾਰੇ ਵੀ ਕਿਹਾ ਹੈ।

ਬੀਐਸਐਨਐਲ ਪੈਨਸ਼ਨਰਜ਼ ਦੀ ਪੈਨਸ਼ਨ ਅਦਾਲਤ ਯਾਦਗਾਰੀ ਹੋ ਨਿੱਬੜੀ

ਵਰਲਡ ਪੰਜਾਬੀ ਟਾਈਮਜ਼
ਮਾਸਟਰ ਪਰਮਵੇਦ

ਸੰਗਰੂਰ 20 ਦਸੰਬਰ : ਡਿਪਟੀ ਕਮਿਸ਼ਨਰ ਦਫ਼ਤਰ ਸੰਗਰੂਰ ਦੇ ਆਡੀਟੋਰੀਅਮ ਵਿੱਚ ,ਸੀਸੀ ਏ ਪੰਜਾਬ ਵੱਲੋਂ ਬੀਐਸਐਨਐਲ ਪੈਨਸ਼ਨਰਜ਼ ਦੀ ਇੱਕ ਪੈਨਸ਼ਨ ਅਦਾਲਤ ਕਮ ਲਾਈਵ ਸਰਟੀਫੀਕੇਟ ਕੈਂਪ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਸੀ ਸੀ ਏ ਆਫ਼ਿਸ ਚੰਡੀਗੜ੍ਹ ਤੋਂ ਉੱਚ ਅਧਿਕਾਰੀਆਂ ਵੱਲੋਂ ਸ਼ਿਰਕਤ ਕੀਤੀ ਗਈ।ਕੈਂਪ ਦੀ ਸ਼ੁਰੂਆਤ ਵਿੱਚ ਸੀ ਸੀ ਏ ਆਫ਼ਿਸ ਵੱਲੋਂ ਪੈਨਸ਼ਨਰਾਂ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਸਬੰਧੀ ਇਕ ਸਲਾਈਡ ਸ਼ੋਅ ਰਾਹੀਂ ਵਿਆਖਿਆ ਕੀਤੀ ਗਈ। ਮੈਡਮ ਪੂਜਾ ਨੇ ਐਲਡਰ ਹੈਲਪ ਲਾਈਨ ਰਾਹੀਂ ਵਰਿਸ਼ਟ ਨਾਗਰਿਕਾਂ ਨੂੰ ਦਿੱਤੀਆਂ ਜਾਣ ਵਾਲੀਆਂ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ।ਹੇਲਪੇਜ ਇੰਡੀਆ ਵੱਲੋਂ ਰਾਜੂ ਸਿੰਘ ਨੇ ਮਜ਼ਬੂਤ ਪਾਸਵਰਡ, ਏ ਟੀ ਐਮ ਪਾਸਵਰਡ, ਓ ਟੀ ਪੀ,ਡਿਜੀਟਲ ਅਰੈਸਟ, ਸੰਚਾਰ ਸਾਥੀ ਐਪ, ਯੂਪੀਆਈ ਭੁਗਤਾਨ ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸੀ ਤਕਨੀਕ ਨਾਲ ਹੋਣ ਵਾਲੀਆਂ ਠੱਗੀਆਂ ਬਾਰੇ ਬਹੁਤ ਵਿਸਥਾਰ ਵਿੱਚ ਜਾਣਕਾਰੀ ਦਿੱਤੀ।ਡਾਕਟਰ ਸ਼ਿਵਦੀਪ ਗੁਪਤਾ ਵੱਲੋਂ ਅਜੇਕੀ ਜੀਵਨ ਸ਼ੈਲੀ ਵਿੱਚ ਵਡੇਰੀ ਉਮਰ ਵਿੱਚ ਸਿਹਤਮੰਦ ਰਹਿਣ ਲਈ ਬਹੁਤ ਹੀ ਵਿਸਥਾਰ ਵਿੱਚ ਜਾਣਕਾਰੀ ਦਿੱਤੀ ਅਤੇ ਸਿਹਤ ਸਬੰਧੀ ਪੈਨਸ਼ਨਰਾਂ ਵਲੋਂ ਪੁੱਛੇ ਗਏ ਸਵਾਲਾਂ ਦੇ ਜਵਾਬ ਦਿੱਤੇ । ਉਨ੍ਹਾਂ ਨੇ ਇਸ ਉਮਰ ਵਿੱਚ ਸਮੇਂ ਸਿਰ ਸਰੀਰ ਦੀ ਚੈੱਕ ਅੱਪ ਕਰਾਉਣ ਦੀ ਲੋੜ ਬਾਰੇ ਦੱਸਿਆ।

ਬੀਐਸਐਨਐਲ ਵੱਲੋਂ DGM OA ਸ੍ਰੀ ਰਾਜਪਾਲ ਅਤੇ ਉਨ੍ਹਾਂ ਦੇ ਸਹਿਯੋਗੀ ਅਧਿਕਾਰੀਆਂ ਨੇ ਮੀਟਿੰਗ ਵਿੱਚ ਸ਼ਿਰਕਤ ਕੀਤੀ ਅਤੇ BSNL ਨਾਲ ਸਬੰਧਤ ਸ਼ਿਕਾਇਤਾਂ ਨੋਟ ਕੀਤੀਆਂ ਅਤੇ ਉਨ੍ਹਾਂ ਦੇ ਨਿਪਟਾਰੇ ਲਈ ਭਰੋਸਾ ਦਿੱਤਾ।ਸ੍ਰੀ PK ਗਰਗ ਨੇ ਬੜੇ ਸੁੰਦਰ ਸ਼ਬਦਾਂ ਵਿੱਚ ਸਰੀਰਕ ਤੰਦਰੁਸਤੀ ਲਈ ਯੋਗਾ ਦੀ ਅਹਿਮੀਅਤ ਬਾਰੇ ਜਾਣਕਾਰੀ ਦਿੱਤੀ ।ਜੁਆਇੰਟ ਸੀ ਸੀ ਏ ਡਾਕਟਰ ਮਨਦੀਪ ਸਿੰਘ ਵੱਲੋਂ ਪੈਨਸ਼ਨ ਅਦਾਲਤ ਦੌਰਾਨ ਆਏ ਕੇਸਾਂ ਬਾਰੇ ਦੱਸਿਆ ਅਤੇ ਉਨ੍ਹਾਂ ਦੇ ਨਿਪਟਾਰੇ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਸੰਪੰਨ ਐਪ ਅਤੇ CCA ਦੇ 25 ਵਰ੍ਹਿਆਂ ਦੀ ਕਾਰਗੁਜ਼ਾਰੀ ਬਾਰੇ ਦੱਸਿਆ,ਸੰਗਰੂਰ ਪੈਨਸ਼ਨਰ ਐਸੋਸੀਏਸ਼ਨ ਵੱਲੋਂ ਦਿੱਤੇ ਸਹਿਯੋਗ ਦੀ ਪ੍ਰਸ਼ੰਸ਼ਾ ਕੀਤੀ, ਪੁੱਛੇ ਗਏ ਸਵਾਲਾਂ ਦਾ ਜਵਾਬ ਸੰਜੀਦਗੀ ਨਾਲ ਦਿੱਤਾ ।ਸੀਨੀਅਰ AO CCA ਸ੍ਰੀ ਰਾਜੀਵ ਰੰਜਨ ਵੱਲੋਂ ਪੈਨਸ਼ਨਰਾਂ ਦੇ ਸਵਾਲਾਂ ਅਤੇ ਕੇਸਾਂ ਸਬੰਧੀ ਤਕਨੀਕੀ ਤੌਰ ਤੇ ਉਨ੍ਹਾਂ ਦੇ ਹੱਲ ਬਾਰੇ ਜਾਣਕਾਰੀ ਦਿੱਤੀ।ਸ੍ਰੀ ਓਮ ਪ੍ਰਕਾਸ਼ PRO ਵੱਲੋਂ ਟੋਲ ਫਰੀ ਨੰਬਰ ਅਤੇ CCA ਵੱਲੋਂ ਮੁਹੱਈਆ ਕਾਰਵਾਈਆਂ ਜਾਣ ਵਾਲੀਆਂ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ ਅਤੇ ਸੰਗਰੂਰ ਟੀਮ ਦੇ ਪ੍ਰਬੰਧਕਾਂ ਸ੍ਰੀ ਅਸ਼ਵਨੀ ਕੁਮਾਰ, ਸ੍ਰੀ ਸੁਰਿੰਦਰ ਪਾਲ ਅਤੇ ਸ੍ਰੀ ਨਵਨੀਤ ਕੁਮਾਰ ਵੱਲੋਂ ਦਿੱਤੇ ਗਏ ਸਹਿਯੋਗ ਲਈ ਧੰਨਵਾਦ ਕੀਤਾ।ਕਾਮਰੇਡ ਸੁਖਵੀਰ ਧੂਰੀ ਨੇ ਬਜ਼ੁਰਗ ਸਾਥੀਆਂ,ਜੋ ਕਿਤੇ ਆ ਜਾ ਨਹੀਂ ਸਕਦੇ,ਨੂੰ ਸੇਵਾਵਾਂ ਦੇਣ ਦੀ ਲੋੜ ਤੇ ਜ਼ੋਰ ਦਿੱਤਾ।ਸ੍ਰੀ ਸਾਧਾ ਸਿੰਘ ਵਿਰਕ ਨੇ ਸੰਗਰੂਰ ਟੀਮ ਵੱਲੋਂ ਕੀਤੇ ਜਾ ਰਹੇ ਕਾਰਜਾਂ ਬਾਰੇ ਸੰਖੇਪ ਵਿੱਚ ਜਾਣਕਾਰੀ ਦਿੱਤੀ ਅਤੇ CCA ਦੇ ਟੋਲ ਫਰੀ ਨੰਬਰ ਦੇ ਵਿਜ਼ੀ ਰਹਿਣ ਦਾ ਮੁੱਦਾ ਉਠਾਇਆ ਜਿਸ ਬਾਰੇ CCA ਅਧਿਕਾਰੀਆਂ ਵੱਲੋਂ ਦੱਸਿਆ ਗਿਆ ਕਿ ਨਿਕਟ ਭਵਿੱਖ ਵਿੱਚ ਇੱਕ ਹੋਰ ਟੋਲ ਫਰੀ ਨੰਬਰ ਜਾਰੀ ਕੀਤਾ ਜਾਵੇਗਾ ਜੋ 24 ਘੰਟੇ ਕੰਮ ਕਰੇਗਾ। ਉਨ੍ਹਾਂ ਨੇ PRO ਓਮ ਪ੍ਰਕਾਸ਼ ਦੀ ਭਰਪੂਰ ਸ਼ਲਾਘਾ ਕੀਤੀ ਜੋ ਸਮੇਂ ਸਮੇਂ ਤੇ ਹਰ ਕੰਮ ਵਿੱਚ ਮਦਦ ਕਰਦੇ ਹਨ।ਸ੍ਰੀ ਸ਼ਿਵ ਨਰਾਇਣ ਨੇ ਪੈਨਸ਼ਨਰਾਂ ਦੇ ਕਈ ਅਹਿਮ ਮੁੱਦੇ ਅਧਿਕਾਰੀਆਂ ਸਾਹਮਣੇ ਪੇਸ਼ ਕੀਤੇ ਜਿਨ੍ਹਾਂ ਨੂੰ ਧਿਆਨ ਨਾਲ ਸੁਣਿਆ ਗਿਆ।ਉਨ੍ਹਾਂ ਦੂਰ ਦੁਰਾਡੇ ਤੋਂ ਆਏ ਸਾਥੀਆਂ ਦਾ ਧੰਨਵਾਦ ਕੀਤਾ।CCA ਦੇ ਅਧਿਕਾਰੀਆਂ ਵੱਲੋਂ ਵਾਤਾਵਰਨ ਦੇ ਸਵੱਛਤਾ ਲਈ ਪੈਨਸ਼ਨਰਾਂ ਨੂੰ ਬੂਟੇ ਵੰਡੇ ਗਏ। SEBI ਵੱਲੋਂ ਆਏ ਵਿੱਤੀ ਐਕਸਪਰਟ ਨੇ ਨਿਵੇਸ਼ ਕਰਨ ਲਈ ਭਰੋਸੇਯੋਗ ਅਦਾਰਿਆਂ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੱਤੀ।ਕਾਮਰੇਡ ਸੁਖਵੀਰ ਧੂਰੀ , ਮੇਹਰ ਸਿੰਘ ਧੂਰੀ , ਸੁਖਮਿੰਦਰ ਸਿੰਘ ਸੰਘੇੜਾ, ਗੁਰਮੀਤ ਸਿੰਘ ਕਾਹਲੇ, PK ਗਰਗ, ਸ਼ਿਵਚਰਨ ਦਾਸ , ਰਾਮ ਚੰਦਰ, ਪੀ ਸੀ ਬਾਘਾ ਅਤੇ ਸ਼ਾਮ ਸੁੰਦਰ ਕੱਕੜ ਨੇ CCA ਅਧਿਕਾਰੀਆਂ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ। CCA ਅਧਿਕਾਰੀਆਂ ਵੱਲੋਂ ਸ੍ਰੀ ਅਸ਼ਵਨੀ ਕੁਮਾਰ , ਸ੍ਰੀ ਸੁਰਿੰਦਰ ਪਾਲ ਅਤੇ ਸ੍ਰੀ ਨਵਨੀਤ ਕੁਮਾਰ ਨੂੰ ਸਨਮਾਨਿਤ ਕੀਤਾ ਗਿਆ।

ਪ੍ਰਬੰਧਕਾਂ ਵਲੋਂ ਪ੍ਰੈਸ ਵਿੱਚ ਕਵਰੇਜ਼ ਦੇਣ ਲਈ ਸ੍ਰੀ ਨੰਦ ਲਾਲ ਗਾਂਧੀ, ਸ੍ਰੀ ਸਤਿਅਮ ਵਰਮਾ, ਅਤੇ ਸ੍ਰੀ ਰਾਣਾ ਸਿੰਘ ਰਟੌਲ ਨੂੰ ਸਨਮਾਨਿਤ ਕੀਤਾ ਗਿਆ। ਇਹ ਬੀਐਸਐਨਐਲ ਪੈਨਸ਼ਨਰਜ਼ ਦਾ ਪੈਨਸ਼ਨ ਅਦਾਲਤ ਕੈਂਪ ਯਾਦਗਾਰੀ ਹੋ ਨਿਬੜਿਆ।

ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪੱਖੀ ਕਲਾਂ ਵਿਖੇ ਸਲਾਨਾ ਇਨਾਮ ਵੰਡ ਸਮਾਗਮ ਆਯੋਜਿਤ

ਸਪੀਕਰ ਕੁਲਤਾਰ ਸਿੰਘ ਸੰਧਵਾਂ ਅਤੇ ਵਿਧਾਇਕ ਸੇਖੋਂ ਨੇ ਕੀਤੀ ਸ਼ਿਰਕਤ

ਵਰਲਡ ਪੰਜਾਬੀ ਟਾਈਮਜ਼
ਟਿੱਕੂ ਕੁਮੰਰ

ਕੋਟਕਪੂਰਾ, 20 ਦਸੰਬਰ : ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪੱਖੀ ਕਲਾਂ ਵਿਖੇ ਕਰਵਾਏ ਗਏ ਸਕੂਲ ਦੇ ਸਲਾਨਾ ਇਨਾਮ ਵੰਡ ਸਮਾਗਮ ਵਿੱਚ ਬਤੌਰ ਮੁੱਖ ਮਹਿਮਾਨ ਅਤੇ ਵਿਧਾਇਕ ਫਰੀਦਕੋਟ ਗੁਰਦਿੱਤ ਸਿੰਘ ਸੇਖੋਂ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ ਨੇ ਅਕਾਦਮਿਕ, ਖੇਡਾਂ ਅਤੇ ਸੱਭਿਆਚਾਰਕ ਗਤਿਵਿਧੀਆਂ ਵਿੱਚ ਵਧੀਆ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਵੰਡ ਕੇ ਉਨ੍ਹਾਂ ਦੀ ਹੌਂਸਲਾ ਅਫ਼ਜ਼ਾਈ ਕੀਤੀ। ਇਸ ਮੌਕੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਕਿਸੇ ਤੋਂ ਘੱਟ ਨਹੀਂ ਹਨ ਅਤੇ ਸਹੀ ਮਾਰਗਦਰਸ਼ਨ, ਮਿਹਨਤ ਅਤੇ ਅਨੁਸ਼ਾਸਨ ਨਾਲ ਹਰ ਵਿਦਿਆਰਥੀ ਆਪਣਾ ਸੁਪਨਾ ਸਾਕਾਰ ਕਰ ਸਕਦਾ ਹੈ। ਉਨ੍ਹਾਂ ਨੇ ਪੰਜਾਬ ਸਰਕਾਰ ਵੱਲੋਂ ਸਿੱਖਿਆ ਖੇਤਰ ਵਿੱਚ ਕੀਤੇ ਗਏ ਅਤੇ ਹੋਣ ਵਾਲੇ ਸੁਧਾਰਾਂ, ਨਵੇਂ ਵਿਕਾਸ ਕਾਰਜਾਂ ਅਤੇ ਵਿਦਿਆਰਥੀਆਂ ਲਈ ਯੋਜਨਾਵਾਂ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਉਨ੍ਹਾਂ ਨੇ ਅਧਿਆਪਕਾਂ ਨੂੰ ਅਪੀਲ ਕੀਤੀ ਕਿ ਬੱਚਿਆਂ ਵਿੱਚ ਨੈਤਿਕ ਮੁੱਲਾਂ, ਸਮਾਜਿਕ ਜ਼ਿੰਮੇਵਾਰੀ ਅਤੇ ਦੇਸ਼ ਪ੍ਰੇਮ ਦੀ ਭਾਵਨਾ ਪੈਦਾ ਕਰਨ ਲਈ ਵਿਸ਼ੇਸ਼ ਧਿਆਨ ਦਿੱਤਾ ਜਾਵੇ। ਉਨ੍ਹਾਂ ਨਾਲ ਹੀ ਮਾਪਿਆਂ ਨੂੰ ਵੀ ਕਿਹਾ ਕਿ ਉਹ ਬੱਚਿਆਂ ਦੀ ਸਿੱਖਿਆ ਵਿੱਚ ਸਕੂਲ ਨਾਲ ਮਿਲਜੁਲ ਕੇ ਭੂਮਿਕਾ ਨਿਭਾਉਣ। ਇਸ ਮੌਕੇ ਉਨ੍ਹਾਂ ਬੱਚਿਆਂ ਨੂੰ ਆਪਣੇ ਮਾਪਿਆਂ ਦੀ ਸੇਵਾ ਕਰਨ ਲਈ ਵੀ ਪ੍ਰੇਰਿਤ ਕੀਤਾ। ਇਸ ਮੌਕੇ ਉਨ੍ਹਾਂ ਸਕੂਲ ਨੂੰ ਵਿਕਾਸ ਕਾਰਜਾਂ ਲਈ 5 ਲੱਖ ਰੁਪਏ ਦੀ ਰਾਸ਼ੀ ਆਪਣੇ ਅਖਤਿਆਰੀ ਕੋਟੇ ਵਿੱਚੋਂ ਦਿੱਤੀ। ਇਸ ਮੌਕੇ ਵਿਧਾਇਕ ਫਰੀਦਕੋਟ ਗੁਰਦਿੱਤ ਸਿੰਘ ਸੇਖੋਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਪੰਜਾਬ ਸਰਕਾਰ ਸਰਕਾਰੀ ਸਕੂਲਾਂ ਦੀ ਗੁਣਵੱਤਾ ਨੂੰ ਹੋਰ ਬਿਹਤਰ ਬਣਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਅੱਜ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਵਿਦਿਆਰਥੀ ਹਰ ਖੇਤਰ ਵਿੱਚ ਮਿਹਨਤ ਅਤੇ ਪ੍ਰਤਿਭਾ ਨਾਲ ਆਪਣੀ ਕਾਬਲੀਅਤ ਸਾਬਤ ਕਰ ਰਹੇ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਅਤੇ ਸੱਭਿਆਚਾਰਕ ਗਤਿਵਿਧੀਆਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਇਹ ਸਰਗਰਮੀਆਂ ਵਿਦਿਆਰਥੀਆਂ ਦੇ ਹਰ ਪੱਖੋਂ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਅਧਿਆਪਕਾਂ ਦੀ ਭੂਮਿਕਾ ਦੀ ਸਰਾਹਨਾ ਕਰਦਿਆਂ ਕਿਹਾ ਕਿ ਅਧਿਆਪਕਾਂ ਦੀ ਨਿਸ਼ਠਾ ਅਤੇ ਮਿਹਨਤ ਕਾਰਨ ਹੀ ਸਰਕਾਰੀ ਸਕੂਲ ਅੱਜ ਤਰੱਕੀ ਦੇ ਰਾਹ 'ਤੇ ਹਨ। ਇਸ ਮੌਕੇ ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਅਤੇ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਵੱਲੋਂ ਸਕੂਲ ਵਿੱਚ ਸਥਾਪਿਤ ਮਹਾਰਾਜਾ ਰਣਜੀਤ ਸਿੰਘ ਦੇ ਬੁੱਤ ਦਾ ਸਾਂਝੇ ਤੌਰ 'ਤੇ ਉਦਘਾਟਨ ਵੀ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਵੱਲੋਂ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ। ਇਸ ਮੌਕੇ ਚੇਅਰਮੈਨ ਮਾਰਕਿਟ ਕਮੇਟੀ ਫਰੀਦਕੋਟ ਅਮਨਦੀਪ ਸਿੰਘ ਬਾਬਾ, ਜਿਲ੍ਹਾ ਸਿੱਖਿਆ ਅਫਸਰ ਮੈਡਮ ਨੀਲਮ ਰਾਣੀ, ਉੱਪ ਜਿਲ੍ਹਾ ਸਿੱਖਿਆ ਅਫਸਰ ਪਵਨ ਕੁਮਾਰ, ਪ੍ਰਿੰ. ਗੁਪਾਲ ਕ੍ਰਿਸ਼ਨ, ਲੈਕਚਰਾਰ ਸੁਖਦੇਵ ਸਿੰਘ, ਇੰਜੀ. ਸੁਖਜੀਤ ਸਿੰਘ ਢਿੱਲਵਾਂ, ਜਿਲ੍ਹਾ ਪ੍ਰੀਸ਼ਦ ਮੈਂਬਰ ਗੁਰਸ਼ਰਨ ਸਿੰਘ, ਅਮਰਜੀਤ ਸਿੰਘ ਪਰਮਾਰ, ਹਰਦੀਪ ਸਿੰਘ, ਜਗਜੀਤ ਸਿੰਘ ਜੱਗੀ ਸਰਪੰਚ, ਮਾ. ਕਮਲਜੀਤ ਸਿੰਘ, ਅੰਜਨਾ ਜੈਨ, ਰਾਜਦੀਪ ਕੌਰ ਆਦਿ ਵੀ ਹਾਜ਼ਰ ਸਨ।

ਸੀ.ਐਸ.ਆਰ ਤਹਿਤ ਸਰਕਾਰੀ ਮਲਟੀਪਰਪਜ਼ ਸਕੂਲ ਲੁਧਿਆਣਾ ਵਿੱਚ ਈ-ਕਲਾਸਰੂਮ ਦਾ ਮੇਅਰ ਇੰਦਰਜੀਤ ਕੌਰ ਨੇ ਕੀਤਾ ਉਦਘਾਟਨ

ਪੰਜਾਬ ਦੇ ਸਰਕਾਰੀ ਸਕੂਲਾਂ ਲਈ ਵਰਧਮਾਨ ਸਟੀਲਜ਼ ਦਾ 7ਵਾਂ ਈ-ਕਲਾਸਰੂਮ ਤਿਆਰ

ਵਰਲਡ ਪੰਜਾਬੀ ਟਾਈਮਜ਼

ਲੁਧਿਆਣਾ, 20 ਦਸੰਬਰ : ਵਰਧਮਾਨ ਸਪੈਸ਼ਲ ਸਟੀਲਜ਼ ਨੇ ਸਰਕਾਰੀ ਮਲਟੀਪਰਪਜ਼ ਸਕੂਲ ਲੁਧਿਆਣਾ ਵਿਖੇ ਇੱਕ ਈ ਕਲਾਸਰੂਮ ਵਿਕਸਤ ਕੀਤਾ ਜਿਸਦਾ ਉਦਘਾਟਨ ਨਗਰ ਨਿਗਮ ਲੁਧਿਆਣਾ ਦੇ ਮੇਅਰ ਇੰਦਰਜੀਤ ਕੌਰ ਨੇ ਜ਼ੋਨਲ ਕਮਿਸ਼ਨਰ ਨਗਰ ਨਿਗਮ, ਡੀ.ਈ.ਓ ਅਤੇ ਹੋਰ ਸੀਨੀਅਰ ਅਧਿਕਾਰੀਆਂ ਦੇ ਨਾਲ ਕੀਤਾ। ਸਕੂਲ ਪ੍ਰਬੰਧਨ ਨੇ ਵਰਧਮਾਨ ਸਟੀਲਜ਼ ਦੇ ਚੇਅਰਮੈਨ ਸ੍ਰੀ ਸਚਿਤ ਜੈਨ ਅਤੇ ਕਾਰਜਕਾਰੀ ਨਿਰਦੇਸ਼ਕ ਸ੍ਰੀਮਤੀ ਸੌਮਿਆ ਜੈਨ ਦਾ ਬੱਚਿਆਂ ਦੇ ਉੱਜਵਲ ਭਵਿੱਖ ਲਈ ਸਕੂਲ ਦਾ ਸਮਰਥਨ ਕਰਨ ਲਈ ਧੰਨਵਾਦ ਕੀਤਾ।

ਵਰਧਮਾਨ ਸਟੀਲਜ਼ ਦੇ ਸੀ.ਐਸ.ਆਰ ਮੁਖੀ ਸ੍ਰੀ ਅਮਿਤ ਧਵਨ ਨੇ ਸਾਂਝਾ ਕੀਤਾ ਕਿ ਵਰਧਮਾਨ ਆਪਣੀ ਕੰਪਨੀ ਦੇ ਚੇਅਰਮੈਨ ਸ੍ਰੀ ਸਚਿਤ ਜੈਨ ਅਤੇ ਕਾਰਜਕਾਰੀ ਨਿਰਦੇਸ਼ਕ ਸ੍ਰੀਮਤੀ ਸੌਮਿਆ ਜੈਨ ਦੀ ਅਗਵਾਈ ਹੇਠ ਸਿੱਖਿਆ ਦੇ ਪ੍ਰਚਾਰ ਲਈ ਵਚਨਬੱਧ ਹੈ। ਇਹ ਵਰਧਮਾਨ ਸਟੀਲਜ਼ ਦੁਆਰਾ ਪੰਜਾਬ ਦੇ ਵੱਖ-ਵੱਖ ਸਰਕਾਰੀ ਸਕੂਲਾਂ ਦੇ ਬੱਚਿਆਂ ਲਈ ਬਣਾਇਆ ਗਿਆ 7ਵਾਂ ਈ ਕਲਾਸਰੂਮ ਹੈ।

ਮੁੱਖ ਮੰਤਰੀ ਸਿਹਤ ਬੀਮਾ ਯੋਜ਼ਨਾ ਦੀ ਸ਼ੁਰੂਆਤ 1 ਜਨਵਰੀ 2026 ਤੋਂ : ਡਿਪਟੀ ਕਮਿਸ਼ਨਰ

ਕਾਰਡ ਬਣਾਉਣ ਲਈ ਪੰਜਾਬ ਦਾ ਵਸਨੀਕ ਹੋਣਾ ਲਾਜ਼ਮੀ
ਜ਼ਿਲ੍ਹੇ ਦੇ ਸਾਰੇ ਕਾਮਨ ਸਰਵਿਸ ਸੈਂਟਰਾਂ ਤੇ ਬਣਾਏ ਜਾ ਸਕਦੇ ਹਨ ਕਾਰਡ
ਪ੍ਰਤੀ ਸਾਲ 10 ਲੱਖ ਰੁਪਏ ਤੱਕ ਦਾ ਹੋਵੇਗਾ ਸਿਹਤ ਬੀਮਾ

ਵਰਲਡ ਪੰਜਾਬੀ ਟਾਈਮਜ਼
ਗੁਰਪ੍ਰੀਤ ਚ੹ਹਲ

ਬਠਿੰਡਾ, 20 ਦਸੰਬਰ : ਪੰਜਾਬ ਸਰਕਾਰ ਵੱਲੋਂ ਨਿਵੇਕਲੀ ਕਿਸਮ ਦੀ ਮੁੱਖ ਮੰਤਰੀ